# ਦਫ਼ਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ,ਪੰਜਾਬ
# ਸਰਵ ਸਿੱਖਿਆ ਅਭਿਆਨ ਅਥਾਰਟੀ (ਪੰਜਾਬ)

**ਐਸ.ਸੀ.ਓ.ਨੰ:104-106, ਦੂਜੀ ਅਤੇ ਤੀਜੀ ਮੰਜ਼ਿਲ ਸੈਕਟਰ 34-ਏ ਚੰਡੀਗੜ੍ਹ।**


ਵੱਲ

1. ਸਮੂਹ ਸਿੱਖਿਆ ਅਫ਼ਸਰ (ਸੈ.ਸਿ.)
2. ਸਮੂਹ ਜ਼ਿਲ੍ਹਾ ਸਾਇੰਸ ਸੁਪਰਵਾਈਜ਼ਰ
3. ਸਮੂਹ ਸਕੂਲ ਮੁੱਖੀ (ਵੈੱਬ-ਸਾਈਟ ਰਾਹੀਂ)

ਮੀਮੋ ਨੰ:ਸਸਅ/ਐਮਸੀ/2010/57435-57475
ਮਿਤੀ,ਚੰਡੀਗੜ੍ਹ 08-09-2010

**ਵਿਸ਼:- ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸੈਸ਼ਨ 2010 ਵਿੱਚ ਆਏ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਜਮਾਤਾਂ ਦੇ ਨਤੀਜਿਆਂ ਦੇ ਵਿਸ਼ਲੇਸ਼ਣ ਸਬੰਧੀ।**

1.0 ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਇਸ ਦਫ਼ਤਰ ਵੱਲੋਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਮਾਰਚ 2010 ਦੀ ਪ੍ਰੀਖਿਆ ਦੇ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਜਮਾਤਾਂ ਦੇ ਨਤੀਜਿਆਂ ਦਾ ਵਿਸ਼ਲੇਸ਼ਣ ਕੀਤਾ ਗਿਆ ਹੈ। ਇਸ ਵਿਸ਼ਲੇਸ਼ਣ ਦੌਰਾਨ ਪਾਇਆ ਗਿਆ ਕਿ ਅੰਗਰੇਜ਼ੀ ਅਤੇ ਗਣਿਤ ਵਿਸ਼ਿਆਂ ਦਾ ਇਨ੍ਹਾਂ ਸਾਰੀਆਂ ਜਮਾਤਾਂ ਦਾ ਨਤੀਜਾ ਬੋਰਡ ਦੇ ਜਨਰਲ ਨਤੀਜਿਆਂ ਨਾਲੋਂ ਬਹੁਤ ਜ਼ਿਆਦਾ ਘੱਟ ਹੈ। ਇਸ ਤੋਂ ਇਲਾਵਾ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਜਮਾਤਾਂ ਦੇ ਬੋਰਡ ਦੇ ਨਤੀਜਿਆ ਵਿੱਚ ਬੋਰਡ ਵੱਲੋਂ ਜਾਰੀ ਮੈਰਿਟ ਸੂਚੀ ਵਿੱਚ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਗਿਣਤੀ ਨਾ ਮਾਤਰ ਹੀ ਰਹੀ ਹੈ।ਇਸ ਲਈ ਨਤੀਜਿਆਂ ਵਿੱਚ ਸੁਧਾਰ ਲਿਆਉਣ ਲਈ ਵਿਸ਼ੇਸ਼ ਕਰਕੇ ਗਣਿਤ ਅਤੇ ਅੰਗਰੇਜ਼ੀ ਦੇ ਵਿਸ਼ਿਆਂ ਵਿੱਚ ਵਿਦਿਆਰਥੀਆਂ ਨੂੰ ਜ਼ਿਆਦਾ ਮਿਹਨਤ ਕਰਵਾਉਣ ਦੀ ਜ਼ਰੂਰਤ ਮਹਿਸੂਸ ਕੀਤੀ ਜਾ ਰਹੀ ਹੈ। ਇਸ ਗੱਲ ਨੂੰ ਮੱਦੇ ਨਜ਼ਰ ਰੱਖਦੇ ਹੋਏ ਇਸ ਦਫ਼ਤਰ ਵੱਲੋਂ ਆਪ ਜੀ ਦੇ ਜ਼ਿਲ੍ਹਿਆਂ ਦੇ ਸਕੂਲ ਮੁੱਖੀਆਂ ਨੂੰ ਕੁੱਝ ਹਦਾਇਤਾਂ ਜਾਰੀ ਕੀਤੀਆਂ ਜਾ ਰਹੀਆਂ ਹਨ, ਜੋ ਕਿ ਹੇਠ ਲਿਖੇ ਅਨੁਸਾਰ ਹਨ :-

1) ਸਕੂਲ ਮੁਖੀਆਂ ਦੁਆਰਾ ਆਪਣੇ ਸਕੂਲ ਦਾ ਜਨਰਲ ਨਤੀਜਾ ਬੋਰਡ ਦੇ ਨਤੀਜੇ ਨਾਲ ਤੁਲਨਾ ਕਰਕੇ ਆਪਣੇ ਆਪਣੇ ਸਕੂਲਾਂ ਦਾ ਨਤੀਜਾ ਸੁਧਾਰਨ ਦਾ ਟੀਚਾ ਨਿਰਧਾਰਿਤ ਕੀਤਾ ਜਾਵੇ।

2) ਇਸੇ ਤਰ੍ਹਾਂ ਵਿਸ਼ਾ ਅਧਿਆਪਕ ਵੀ ਸੈਸ਼ਨ 2010-11 ਦੇ ਬੋਰਡ ਦੇ ਨਤੀਜੇ ਨੂੰ ਦੇਖਦੇ ਹੋਏ, ਆਪਣਾ ਅਗਲੇ ਸਾਲ ਦਾ ਟੀਚਾ ਨਿਰਧਾਰਿਤ ਕਰੇ।

3) ਇਸ ਸਬੰਧੀ ਸਕੂਲ ਮੁੱਖੀ ਵਲੋਂ, ਵਿਸ਼ਾ ਅਧਿਆਪਕ ਨਾਲ ਮੀਟਿੰਗ ਕਰਕੇ, ਐਕਸ਼ਨ ਪਲਾਨ ਬਣਾਇਆ ਜਾਵੇ ਕਿ ਕਿਸ ਤਰ੍ਹਾਂ ਆਉਣ ਵਾਲੇ ਸੈਸ਼ਨ ਦੇ ਨਤੀਜਿਆਂ ਵਿੱਚ ਸੁਧਾਰ ਲਿਆਂਦਾ ਜਾ ਸਕਦਾ ਹੈ, ਵਿਸ਼ੇਸ਼ ਕਰਕੇ ਗਣਿਤ ਅਤੇ ਅੰਗਰੇਜ਼ੀ ਵਿਸ਼ਿਆਂ ਲਈ।

4) ਹਰ ਜਮਾਤ ਦੇ ਵਿਸ਼ੇਸ਼ ਕਰਕੇ ਬੋਰਡ ਦੀਆਂ ਜਮਾਤਾਂ ਦੇ ਹੁਸ਼ਿਆਰ ਵਿਦਿਆਰਥੀਆਂ ਦੀ ਸੂਚੀ ਤਿਆਰ ਕੀਤੀ ਜਾਵੇ।

5) ਇਨ੍ਹਾਂ ਹੁਸ਼ਿਆਰ ਵਿਦਿਆਰਥੀਆਂ ਦੀ ਵਿਸ਼ੇਸ਼ ਕਾਊਸਲਿੰਗ ਕੀਤੀ ਜਾਵੇ। ਪ੍ਰਿੰਸੀਪਲ/ ਸਕੂਲ ਮੁੱਖੀ ਅਤੇ ਵਿਸ਼ਾ ਅਧਿਆਪਕਾਂ ਵਲੋਂ ਵੱਧ ਤੋਂ ਵੱਧ ਟਾਈਮ ਦਿੱਤਾ ਜਾਵੇ ਅਤੇ ਕਮਜੋਰ ਵਿਦਿਆਰਥੀਆਂ ਨੂੰ ਤੱਵਕੋ ਦਿੱਤੀ ਜਾਵੇ। ਇਸ ਕੰਮ ਲਈ ਵਿਜਿਟ ਕਰ ਰਹੇ ਮੈਥ ਮਾਸਟਰ ਟ੍ਰੇਨਰ ਅਤੇ ਅੰਗਰੇਜ਼ੀ ਮਾਸਟਰ ਟ੍ਰੇਨਰ ਦੀ ਸਹਾਇਤਾ ਲਈ ਜਾ ਸਕਦੀ ਹੈ।

6) ਇਹਨਾਂ ਵਿਦਿਆਰਥੀਆਂ ਦੇ ਮਾਪਿਆਂ ਨਾਲ ਇਸ ਗੁਣਾਤਮਕ ਸੁਧਾਰ ਲਈ ਘਰ ਵਿੱਚ ਵੀ ਵਧੇਰੇ ਸਮਾਂ ਦੇਣ ਲਈ ਵਿਸ਼ੇਸ਼ ਮੀਟਿੰਗ ਕੀਤੀ ਜਾਵੇ।

7) ਜੇਕਰ ਹੋ ਸਕੇ, ਕੁੱਝ ਉਤਸ਼ਾਹਿਤ ਅਧਿਆਪਕਾਂ ਦੁਆਰਾ ਛੁੱਟੀਆਂ ਦੌਰਾਨ, ਪ੍ਰੀਖਿਆ ਦੀ ਤਿਆਰੀ ਕਰਵਾਉਣ ਲਈ ਵਿਸ਼ੇਸ਼ ਟਾਈਮ ਟੇਬਲ ਤਿਆਰ ਕੀਤਾ ਜਾਵੇ। ਮਿਹਨਤ ਕਰਵਾਉਣ ਵਾਲੇ ਅਧਿਆਪਕ ਦੀ ACR ਵਿੱਚ ਸਕੂਲ ਮੁੱਖੀ ਵੱਲੋਂ ਖਾਸ ਤੌਰ ਤੇ ਭਰਿਆ ਜਾਵੇ।

8) ਕਦੀ ਕਦੀ, ਸਕੂਲ ਮੁੱਖੀ ਇਹਨਾਂ ਜਮਾਤਾਂ ਨੂੰ ਵੀ ਪੜ੍ਹਾਵੇ।

9) ਸਿਲੇਬਸ ਦੇ ਨਾਲ ਨਾਲ, ਪਿਛਲੇ ਦਸ ਸਾਲਾਂ ਦੇ ਬੋਰਡ ਦੇ ਪੇਪਰ/ਸੈਂਪਲ ਪੇਪਰ ਵੀ ਕਰਵਾਏ ਜਾਣ।

10) ਇਹਨਾਂ ਵਿਦਿਆਰਥੀਆਂ, ਲਈ ਸਮੇਂ ਸਮੇਂ ਤੇ ਘਰ ਅਤੇ ਸਕੂਲ ਲਈ ਵਿਸ਼ੇਸ਼ ਟਾਈਮ ਟੇਬਲ ਤਿਆਰ ਕੀਤਾ ਜਾਵੇ ਤਾਂ ਜੋ ਉਹ ਆਪਣੀ ਪ੍ਰੀਖਿਆ ਦੀ ਤਿਆਰੀ ਕਰ ਸਕਣ।

3.0 ਉਪਰੋਕਤ ਹਦਾਇਤਾਂ ਦੀ ਪਾਲਣਾ ਕੀਤੀ ਜਾਵੇ।

**ਡਾਇਰੈਕਟਰ ਜਨਰਲ ਸਕੂਲ ਸਿੱਖਿਆ**
**ਪੰਜਾਬ,ਚੰਡੀਗੜ੍ਹ**